15ਵੀਂ ਵਿਧਾਨ ਸਭਾ
ਚੌਥਾ ਸਮਾਗਮ

ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 3
ਬੁੱਧਵਾਰ, 21 ਮਾਰਚ, 2018 (ਬਾਅਦ ਦੁਪਹਿਰ ਦੀ ਬੈਠਕ)
(03.30 ਵਜੇ ਬਾਅਦ ਦੁਪਹਿਰ ਤੋਂ 8.00 ਵਜੇ ਸ਼ਾਮ ਤੱਕ)

1. **ਪ੍ਰਸ਼ਨ**

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 15 | 02 | 01 | 02 | 28 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 04

2. **ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ 22 ਮਾਰਚ, 2018 ਤੋਂ 28 ਮਾਰਚ, 2018 ਨੂੰ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :-

> "ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਦੂਜੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

3. **ਮੇਜ਼ ਤੇ ਰੱਖੇ ਜਾਣ ਵਾਲੇ ਕਾਗਜ਼-ਪੱਤਰ**

ਸੰਸਦੀ ਮਾਮਲਿਆਂ ਦੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: II ਅਧੀਨ ਦਰਸਾਏ ਗਏ ਲੜੀ ਨੰ: 1 ਅਤੇ 2 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

4. **ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ**

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਮਾਨਯੋਗ ਮੈਂਬਰ ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪੇਸ਼ ਕੀਤਾ ਗਿਆ ਅਤੇ ਜਿਸ ਦੀ ਮਾਨਯੋਗ ਮੈਂਬਰ ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜਤਾ ਕੀਤੀ ਗਈ ਤੇ ਮੁੜ ਬਹਿਸ ਆਰੰਭ ਹੋਈ:-

> "ਕਿ ਇਸ ਸਮਾਗਮ ਵਿੱਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 20 ਮਾਰਚ, 2018 ਨੂੰ ਸਦਨ ਵਿੱਚ ਦੇਣ ਦੀ ਕ੍ਰਿਪਾਲਤਾ ਕੀਤੀ। "

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 06 ਮਿੰਟ |
| 2. | ਪ੍ਰੋ. ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 07 ਮਿੰਟ |
| 3. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 13 ਮਿੰਟ |
| 4. | ਸਰਦਾਰ ਅੰਗਦ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 12 ਮਿੰਟ |
| 5. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 06 ਮਿੰਟ |
| 6. | ਸ਼੍ਰੀ ਐਨ.ਕੇ.ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 10 ਮਿੰਟ |
| 7. | ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਇੰਡੀਅਨ ਨੈਸ਼ਨਲ ਕਾਂਗਰਸ | 10 ਮਿੰਟ |
| 8. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 05 ਮਿੰਟ |
| 9. | ਸਰਦਾਰ ਗੁਰਮੀਤ ਸਿੰਘ ਮੀਤ ਹੇਹਰ, ਆਮ ਆਦਮੀ ਪਾਰਟੀ | 07 ਮਿੰਟ |
| 10. | ਮਿਸ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 05 ਮਿੰਟ |

| | | |
|---|---|---|
| 11. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 07 ਮਿੰਟ |
| 12. | ਸਰਦਾਰ ਪਿਰਮਲ ਸਿੰਘ ਧੌਲਾ, ਆਮ ਆਦਮੀ ਪਾਰਟੀ | 06 ਮਿੰਟ |
| 13. | ਸਰਦਾਰ ਨਾਜ਼ਰ ਸਿੰਘ ਮਾਨਸ਼ਾਹੀਆ, ਆਮ ਆਦਮੀ ਪਾਰਟੀ | 07 ਮਿੰਟ |
| 14. | ਸ਼੍ਰੀ ਜੈ ਕ੍ਰਿਸ਼ਨ, ਆਮ ਆਦਮੀ ਪਾਰਟੀ | 09 ਮਿੰਟ |
| 15. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 16 ਮਿੰਟ |
| 16. | ਸਰਦਾਰ ਬਲਦੇਵ ਸਿੰਘ, ਆਮ ਆਦਮੀ ਪਾਰਟੀ | 12 ਮਿੰਟ |
| 17. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 16 ਮਿੰਟ |
| 18. | ਸ਼੍ਰੀ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਇੰਡੀਅਨ ਨੈਸ਼ਨਲ ਕਾਂਗਰਸ | 11 ਮਿੰਟ |
| 19. | ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |

ਸਦਨ ਦੇ ਸਥਗਿਤ ਹੋ ਜਾਣ ਕਾਰਨ ਮਾਨਯੋਗ ਮੈਂਬਰ ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ ਮਿਤੀ 26 ਮਾਰਚ, 2018 ਨੂੰ ਬਹਿਸ ਜਾਰੀ ਰੱਖਣਗੇ।

## 5. ਵਾਕ ਆਊਟ

ਲੋਕ ਇਨਸਾਫ਼ ਪਾਰਟੀ ਦੇ ਦੋਵੇਂ ਮੈਂਬਰ ਗਵਰਨਰ ਐਡਰੈਸ ਤੇ ਹੋਰ ਵੱਧ ਸਮੇਂ ਲਈ ਬੋਲਣ ਦੀ ਇਜ਼ਾਜਤ ਨਾ ਮਿਲਣ ਦੇ ਰੋਸ ਵਜੋਂ ਚੇਅਰ ਦੇ ਖਿਲਾਫ਼ ਨਾਅਰੇ ਲਗਾਉਂਦੇ ਹੋਏ ਵਾਕ ਆਊਟ ਕਰ ਗਏ।

ਮਾਨਯੋਗ ਡਿਪਟੀ ਸਪੀਕਰ ਨੇ 4.49 ਵਜੇ ਸ਼ਾਮ ਤੋਂ 5.52 ਵਜੇ ਸ਼ਾਮ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਵੀਰਵਾਰ ਮਿਤੀ 22 ਮਾਰਚ, 2018 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

**ਚੰਡੀਗੜ੍ਹ:**
**ਮਿਤੀ 21 ਮਾਰਚ, 2018**

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ।**